# ਆਕਾਸ਼ਵਾਣੀ ਜਲੰਧਰ

# ਪ੍ਰਾਦੇਸ਼ਿਕ ਖਬਰਾਂ

## 13:10

**ਮਿਤੀ :11-09-2026**

ਸਮਾਜਿਕ ਨਿਆਂ ਅਤੇ ਅਧਿਕਾਰਤਾ ਬਾਰੇ ਕੇਂਦਰੀ ਰਾਜ ਮੰਤਰੀ ਰਾਮਦਾਸ ਅਠਾਵਲੇ ਅੱਜ ਪੰਜਾਬ ਦੇ ਇੱਕ ਦਿਨ ਦੇ ਦੌਰੇ 'ਤੇ ਨੇ। ਲੁਧਿਆਣਾ ਜਾਣ ਤੋਂ ਪਹਿਲਾਂ, ਉਹ ਜਲੰਧਰ ਪੁੱਜੇ ਤੇ ਇੱਥੇ ਸਥਿਤ ਡੇਰਾ ਸੱਚਖੰਡ ਬੱਲਾਂ ਵਿੱਚ ਪਦਮਸ੍ਰੀ ਸੰਤ ਨਿਰੰਜਨ ਦਾਸ ਜੀ ਨੂੰ ਮਿਲੇ।

Byte

ਲੁਧਿਆਣਾ ਵਿਚ ਉਹ ਉਦਯੋਗਪਤੀਆਂ ਅਤੇ ਸੂਖਮ, ਛੋਟੇ ਤੇ ਦਰਮਿਆਨੇ ਉੱਦਮਾਂ (MSME) ਦੇ ਨੁਮਾਇੰਦਿਆਂ ਨਾਲ ਮੁਲਾਕਾਤ ਕਰਨਗੇ। ਉਥੇ ਦਾਣਾ ਮੰਡੀ ਵਿੱਚ ਇੱਕ ਜਨਤਕ ਸਮਾਗਮ ਵਿੱਚ ਸ਼ਾਮਲ ਹੋਣ ਦੀ ਵੀ ਸੰਭਾਵਨਾ ਏ |

---

ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਖੇਡ ਸਮੱਗਰੀ ਮੁਹੱਈਆ ਕਰਵਾਉਣ ਅਤੇ

ਪ੍ਰਤਿਭਾਸ਼ਾਲੀ ਨੌਜਵਾਨ ਖਿਡਾਰੀਆਂ ਨੂੰ ਸਮਰੱਥ ਬਣਾਉਣ ਲਈ 'ਕੰਪੀਟੈਂਟ ਫਾਊਂਡੇਸ਼ਨ' ਵੱਲੋਂ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ।

ਚੰਡੀਗੜ੍ਹ ਸਥਿਤ ਲੋਕ ਭਵਨ ਦੇ ਬੈਂਕੁਏਟ ਹਾਲ ਵਿਚ 'ਕੰਪੀਟੈਂਟ ਫਾਊਂਡੇਸ਼ਨ' ਵੱਲੋਂ ਕਰਵਾਏ ਖੇਡ ਕਿੱਟ ਵੰਡ ਸਮਾਗਮ ਨੂੰ ਸੰਬੋਧਨ ਕਰਦੇ ਹੋਏ ਸ੍ਰੀ ਕਟਾਰੀਆ ਨੇ ਕਿਹਾ ਕਿ 'ਹੰਸਤੇ-ਖੇਲਤੇ' ਪ੍ਰੋਗਰਾਮ ਤਹਿਤ ਕੀਤੀਆਂ ਪਹਿਲਕਦਮੀ ਅਤੇ ਦਿਵਿਆਂਗ ਖਿਡਾਰੀਆਂ ਪ੍ਰਤੀ ਫਾਊਂਡੇਸ਼ਨ ਦੀ ਦੇਣ ਮਹੱਤਵਪਰਨ ਏ। ਇਸ ਤੋਂ ਪਹਿਲਾਂ, 'ਕੰਪੀਟੈਂਟ ਫਾਊਂਡੇਸ਼ਨ' ਦੇ ਪ੍ਰਧਾਨ ਸ੍ਰੀ ਸੰਜੈ ਟੰਡਨ ਨੇ ਫਾਊਂਡੇਸ਼ਨ ਦੀਆਂ ਪਹਿਲਕਦਮੀਆਂ ਅਤੇ 'ਹੰਸਤੇ-ਖੇਲਤੇ' ਪ੍ਰੋਗਰਾਮ ਦੇ ਸਫ਼ਰ ਬਾਰੇ ਜਾਣਕਾਰੀ ਦਿੱਤੀ।

---------------------------------------------------

ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਦੇ ਸਬੰਧ ਵਿਚ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਕਰਵਾਏ ਜਾ ਰਹੇ ਸਮਾਗਮਾਂ ਦੀ ਲੜੀ ਤਹਿਤ ਕੱਲ੍ਹ ਦੇਰ ਸ਼ਾਮ ਪਟਿਆਲਾ ਤੇ ਜਲੰਧਰ ਦੇ ਕਰਤਾਰਪੁਰ ਵਿੱਚ 500 ਡਰੋਨਾਂ ਦਾ ਸ਼ਾਨਦਾਰ ਸ਼ੋਅ ਕਰਵਾਇਆ ਗਿਆ। ਪਟਿਆਲਾ ਵਿਚ ਇਸ ਮੌਕੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਸਮੇਤ ਪਟਿਆਲਾ ਦਿਹਾਤੀ ਹਲਕੇ ਵਿੱਚੋਂ ਵੱਡੀ ਗਿਣਤੀ ਵਿੱਚ ਪੁੱਜੀ ਸੰਗਤ ਨੇ ਇਸ ਦਿਲਕਸ਼ ਡਰੋਨ ਸ਼ੋਅ ਦਾ ਅਨੰਦ ਮਾਣਿਆ। ਡਾ.

ਬਲਬੀਰ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦੀ ਬਾਣੀ ਅਤੇ ਸਿੱਖਿਆਵਾਂ, ਸਮੁੱਚੀ ਮਨੁੱਖਤਾ ਲਈ ਬਰਾਬਰੀ, ਸੱਚੇ ਆਚਰਣ ਤੇ ਸਾਂਝੀਵਾਲਤਾ ਦਾ ਰਾਹ ਦਰਸਾਉਂਦੀਆਂ ਨੇ।

---------------------------------------------------------

ਔਰਤਾਂ ਦੀ ਆਰਥਿਕ ਆਜ਼ਾਦੀ ਅਤੇ ਸਮਾਜਿਕ ਮਜ਼ਬੂਤੀਕਰਨ ਦੇ ਉਦੇਸ਼ ਨਾਲ ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਤਹਿਤ ਮਾਨਸਾ ਦੇ ਬਾਲ ਭਵਨ ਵਿਚ 'ਮਾਵਾਂ ਧੀਆਂ ਦੀ ਹੱਟੀ' ਤਹਿਤ ਖਾਸ ਮੰਡੀ ਲਗਾਈ ਗਈ। ਇਸ ਮੌਕੇ ਡਿਪਟੀ ਕਮਿਸ਼ਨਰ ਨਵਜੋਤ ਕੌਰ ਨੇ ਕਿਹਾ ਕਿ 'ਮਾਵਾਂ ਧੀਆਂ ਦੀ ਹੱਟੀ' ਦਾ ਮਕਸਦ ਪੇਂਡੂ ਇਲਾਕਿਆਂ ਦੀਆਂ ਔਰਤਾਂ ਨੂੰ ਹੱਥੀਂ ਤਿਆਰ ਕੀਤੇ ਉਤਪਾਦ ਵੇਚਣ ਲਈ ਮੰਚ ਮੁਹੱਈਆ ਕਰਵਾਉਣਾ ਏ। ਇਹ ਹੱਟੀ ਹਰ ਸ਼ੁੱਕਰਵਾਰ ਨੂੰ ਲਗਾਈ ਜਾਵੇਗੀ।

BYTE

ਉਨ੍ਹਾਂ ਐਲਾਨ ਕੀਤਾ ਕਿ ਆਉਂਦੇ ਦੀਵਾਲੀ ਦੇ ਤਿਉਹਾਰ ਮੌਕੇ ਇਨ੍ਹਾਂ ਗਰੁੱਪਾਂ ਲਈ ਸਟਾਲਾਂ ਦਾ ਪ੍ਰਬੰਧ ਕੀਤਾ ਜਾਵੇਗਾ |

---------------------------------------------------------

ਬੱਚਿਆਂ, ਗਰਭਵਤੀ ਔਰਤਾਂ ਤੇ ਦੁੱਧ ਪਿਆਉਂਦੀਆਂ ਮਾਵਾਂ ਦੀ ਸਿਹਤ ਲਈ ਚਲਾਈ ਪੋਸ਼ਣ ਮਾਹ ਮੁਹਿੰਮ ਜਾਰੀ ਏ। ਇਸ ਦੇ ਤਹਿਤ ਮੋਹਾਲੀ ਦੇ

ਪਿੰਡ ਬੜਮਾਜਰਾ ਵਿਚ ਗਰਭਵਤੀ ਔਰਤਾਂ ਤੇ ਦੁੱਧ ਪਿਆਉਂਦੀਆਂ ਮਾਵਾਂ ਨੂੰ ਪੋਸ਼ਣ ਤੇ ਸੰਤੁਲਤ ਖੁਰਾਕ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ ਆਂਗਨਵਾੜੀ ਵਰਕਰ ਰਮਨਪ੍ਰੀਤ ਕੋਰ ਨੇ ਦੱਸਿਆ ਕਿ ਹਰ ਸਾਲ ਪੋਸ਼ਣ ਮਾਹ ਮਨਾ ਕੇ ਬੱਚਿਆਂ ਨੂੰ ਤੰਦਰੁਸਤ ਰੱਖਣ ਦਾ ਯਤਨ ਕੀਤਾ ਜਾ ਰਿਹਾ  ਏ। ਉਸ ਨੇ ਕਿਹਾ...

Byte

ਇਸ ਮੌਕੇ ਆਂਗਨਵਾੜੀ ਵਿੱਚ ਪੁੱਜੀਆਂ ਔਰਤਾਂ ਨੇ ਵੀ ਵਿਚਾਰ ਪ੍ਰਗਟ ਕੀਤੇ।

---------------------------------------------------

ਮਲੇਸ਼ੀਆ ਵਿੱਚ ਕਰਵਾਏ ਗਏ ਅੰਤਰਰਾਸ਼ਟਰੀ ਕਰਾਟੇ ਮੁਕਾਬਲੇ ਵਿੱਚ ਬਟਾਲਾ ਦੇ 9 ਸਾਲਾ ਬੱਚੇ ਯੁਵਾਨ ਨੇ ਕਾਂਸੀ ਦਾ ਤਮਗਾ ਜਿੱਤ ਕੇ ਪੂਰੇ ਪੰਜਾਬ ਦਾ ਨਾਂ ਰੌਸ਼ਨ ਕੀਤਾ ਏ। ਜਿਵੇਂ ਹੀ ਇਹ ਨੰਨ੍ਹਾ ਖਿਡਾਰੀ ਜਿੱਤ ਹਾਸਲ ਕਰ ਕੇ  ਬਟਾਲਾ ਪੁੱਜਾ ਤਾਂ ਪਰਿਵਾਰ ਤੇ ਸ਼ਹਿਰ ਵਾਸੀਆਂ ਨੇ ਉਸ ਦਾ ਜੋਸ਼ੀਲਾ ਸੁਆਗਤ ਕੀਤਾ। ਬੱਚੇ ਦੇ ਪਰਿਵਾਰਕ ਜੀਆਂ ਨੇ ਦੱਸਿਆ ਕਿ ਯੁਵਾਨ ਨੂੰ ਬਚਪਨ ਤੋਂ ਹੀ ਕਰਾਟੇ ਦਾ ਸ਼ੌਕ ਸੀ ਅਤੇ ਉਸ ਨੇ ਕਰੜੀ ਮਿਹਨਤ ਰੰਗ ਲਿਆਈ ਏ।

---------------------------------------------------